
www.BibleForChildren.org

ਉਤ 3




ਆਦਮ ਨੇ ਆਪਣੀ ਪਤਨੀ ਦਾ ਨਾਮ ਹੱਵਾਹ ਰੱਖਿਆ ਕਿਉਂ ਜੋ ਉਹ ਸਾਰੇ ਜੀਉਂਦਿਆਂ ਦੀ ਮਾਤਾ ਹੋਈ।




ਸੱਪ ਸਭ ਜੰਗਲੀ ਜਾਨਵਰਾਂ ਨਾਲੋਂ, ਜਿਨ੍ਹਾਂ ਨੂੰ ਯਹੋਵਾਹ ਪਰਮੇਸ਼ੁਰ ਨੇ ਬਣਾਇਆ ਸੀ, ਚਲਾਕ ਸੀ ਅਤੇ ਉਸ ਨੇ ਇਸਤਰੀ ਨੂੰ ਆਖਿਆ, ਭਲਾ, ਪਰਮੇਸ਼ੁਰ ਨੇ ਸੱਚ-ਮੁੱਚ ਆਖਿਆ ਹੈ ਕਿ ਬਾਗ਼ ਦੇ ਕਿਸੇ ਰੁੱਖ ਦਾ ਫਲ ਤੁਸੀਂ ਨਾ ਖਾਓ?



ਇਸਤਰੀ ਨੇ ਸੱਪ ਨੂੰ
ਆਖਿਆ, ਬਾਗ਼ ਦੇ ਸਾਰੇ
ਰੁੱਖਾਂ ਦੇ ਫਲ ਤਾਂ ਅਸੀਂ ਖਾ
ਸਕਦੇ ਹਾਂ ਪਰ ਜਿਹੜਾ ਰੁੱਖ
ਬਾਗ਼ ਦੇ ਵਿਚਕਾਰ ਹੈ ਉਸ ਦੇ ਫਲ ਨੂੰ ਪਰਮੇਸ਼ੁਰ ਨੇ
ਆਖਿਆ, ਤੁਸੀਂ ਨਾ ਖਾਓ ਨਾ ਉਹ ਨੂੰ ਹੱਥ ਲਾਓ,
ਅਜਿਹਾ ਨਾ ਹੋਵੇ ਕਿ ਤੁਸੀਂ ਮਰ ਜਾਓ।



ਪਰ ਸੱਪ ਨੇ ਇਸਤਰੀ ਨੂੰ
ਆਖਿਆ ਕਿ ਤੁਸੀਂ ਕਦੀ
ਨਹੀਂ ਮਰੋਗੇ। ਸਗੋਂ ਪਰਮੇਸ਼ੁਰ
ਜਾਣਦਾ ਹੈ ਕਿ ਜਿਸ ਦਿਨ
ਤੁਸੀਂ ਉਸ ਫਲ ਨੂੰ ਖਾਓਗੇ ਤੁਹਾਡੀਆਂ ਅੱਖਾਂ ਖੁੱਲ੍ਹ
ਜਾਣਗੀਆਂ ਅਤੇ ਤੁਸੀਂ ਪਰਮੇਸ਼ੁਰ ਦੀ ਤਰ੍ਹਾਂ ਭਲੇ ਬੁਰੇ
ਦੀ ਸਮਝ ਵਾਲੇ ਹੋ ਜਾਓਗੇ।



ਜਦ ਇਸਤਰੀ ਨੇ ਵੇਖਿਆ ਕਿ ਉਸ ਰੁੱਖ ਦਾ ਫਲ ਖਾਣ ਲਈ ਚੰਗਾ ਹੈ ਅਤੇ ਅੱਖੀਆਂ ਨੂੰ ਭਾਉਂਦਾ ਹੈ ਅਤੇ ਉਸ ਰੁੱਖ ਦਾ ਫਲ ਬੁੱਧ ਦੇਣ ਦੇ ਯੋਗ ਹੈ ਤਾਂ ਉਸ ਨੇ ਉਹ ਦੇ ਫਲ ਨੂੰ ਲਿਆ ਤੇ ਆਪ ਖਾਧਾ ਅਤੇ ਆਪਣੇ ਪਤੀ ਨੂੰ ਵੀ ਦਿੱਤਾ ਅਤੇ ਉਸ ਨੇ ਵੀ ਖਾਧਾ। ਤਦ ਦੋਹਾਂ ਦੀਆਂ ਅੱਖਾਂ ਖੁੱਲ੍ਹ ਗਈਆਂ ਅਤੇ ਉਨ੍ਹਾਂ ਨੇ ਜਾਣ ਲਿਆ, ਜੋ ਅਸੀਂ ਨੰਗੇ ਹਾਂ ਇਸ ਲਈ ਉਨ੍ਹਾਂ ਨੇ ਹੰਜ਼ੀਰ ਦੇ ਪੱਤੇ ਸੀਉਂਕੇ ਆਪਣੇ ਲਈ ਬਸਤਰ ਬਣਾ ਲਏ।






ਤਦ
ਯਹੋਵਾਹ
ਪਰਮੇਸ਼ੁਰ ਨੇ ਆਦਮ
ਨੂੰ ਪੁਕਾਰ ਕੇ ਆਖਿਆ ਕਿ ਤੂੰ ਕਿੱਥੇ ਹੈਂ? ਉਸ ਨੇ
ਆਖਿਆ, ਮੈਂ ਬਾਗ਼ ਵਿੱਚ ਤੇਰੀ ਅਵਾਜ਼ ਸੁਣ ਕੇ ਡਰ ਗਿਆ ਕਿਉਂ ਜੋ
ਮੈਂ ਨੰਗਾ ਸੀ ਇਸ ਲਈ ਮੈਂ ਆਪਣੇ ਆਪ ਨੂੰ ਲੁਕਾ ਲਿਆ। ਉਸ ਨੇ ਪੁੱਛਿਆ,
ਤੈਨੂੰ ਕਿਸ ਨੇ ਦੱਸਿਆ ਜੋ ਤੂੰ ਨੰਗਾ ਹੈਂ? ਜਿਸ ਰੁੱਖ ਤੋਂ ਮੈਂ ਤੈਨੂੰ ਹੁਕਮ
ਦਿੱਤਾ ਸੀ ਕਿ ਉਸ ਦਾ ਫਲ ਨਾ ਖਾਵੀਂ ਕੀ ਤੂੰ ਉਸ ਦਾ ਫਲ ਖਾਧਾ ਹੈ?

ਫੇਰ ਆਦਮ ਨੇ ਜਵਾਬ ਦਿੱਤਾ ਕਿ ਜਿਹੜੀ ਇਸਤਰੀ ਤੂੰ ਮੈਨੂੰ ਦਿੱਤੀ, ਉਸ ਨੇ ਉਸ ਰੁੱਖ ਦਾ ਫਲ ਮੈਨੂੰ ਦਿੱਤਾ ਇਸ ਲਈ ਮੈਂ ਖਾ ਲਿਆ। ਤਦ ਯਹੋਵਾਹ ਪਰਮੇਸ਼ੁਰ ਨੇ ਇਸਤਰੀ ਨੂੰ ਆਖਿਆ, ਤੂੰ ਇਹ ਕੀ ਕੀਤਾ? ਇਸਤਰੀ ਨੇ ਆਖਿਆ, ਸੱਪ ਨੇ ਮੈਨੂੰ ਭਰਮਾਇਆ ਤਦ ਮੈਂ ਉਸ ਫਲ ਨੂੰ ਖਾਧਾ।




ਇਸ ਲਈ ਯਹੋਵਾਹ ਪਰਮੇਸ਼ੁਰ ਨੇ ਉਹ ਨੂੰ ਅਦਨ ਦੇ ਬਾਗ਼ ਵਿੱਚੋਂ ਕੱਢ ਦਿੱਤਾ ਤਾਂ ਜੋ ਉਹ ਉਸ ਜ਼ਮੀਨ ਨੂੰ ਵਾਹੇ ਜਿਸ ਤੋਂ ਉਹ ਰਚਿਆ ਗਿਆ ਸੀ।





ਇਸ ਲਈ ਉਸ ਨੇ ਆਦਮ ਨੂੰ ਕੱਢ ਦਿੱਤਾ ਅਤੇ
ਉਸ ਨੇ ਅਦਨ ਦੇ ਬਾਗ਼ ਦੇ ਪੂਰਬ ਵੱਲ ਦੂਤਾਂ ਨੂੰ
ਅਤੇ ਚਾਰ ਚੁਫ਼ੇਰੇ ਘੁੰਮਣ ਵਾਲੀ ਅੱਗ ਦੀ
ਤਲਵਾਰ ਨੂੰ ਰੱਖਿਆ ਤਾਂ ਜੋ ਓਹ ਜੀਵਨ ਦੇ
ਰੁੱਖ ਦੇ ਰਾਹ ਦੀ ਰਾਖੀ ਕਰਨ।






ਆਦਮ ਨੇ ਆਪਣੀ ਪਤਨੀ ਹੱਵਾਹ ਨਾਲ ਸੰਗ ਕੀਤਾ ਅਤੇ ਉਹ ਗਰਭਵਤੀ ਹੋਈ ਅਤੇ ਕਾਇਨ ਨੂੰ ਜਨਮ ਦਿੱਤਾ ਤਦ ਉਹ ਨੇ ਆਖਿਆ, ਮੈਂ ਇੱਕ ਮਨੁੱਖ ਯਹੋਵਾਹ ਕੋਲੋਂ ਪ੍ਰਾਪਤ ਕੀਤਾ। ਫੇਰ ਉਸ ਨੇ ਉਸ ਦੇ ਭਰਾ ਹਾਬਲ ਨੂੰ ਜਨਮ ਦਿੱਤਾ, ਹਾਬਲ ਇੱਜੜਾਂ ਦਾ ਆਜੜੀ ਸੀ ਅਤੇ ਕਾਇਨ
ਖੇਤੀਬਾੜੀ ਕਰਦਾ ਸੀ।



ਕੁਝ ਦਿਨਾਂ ਬਾਅਦ ਅਜਿਹਾ ਹੋਇਆ ਕਿ ਕਾਇਨ ਜ਼ਮੀਨ ਦੇ ਫਲ ਤੋਂ ਯਹੋਵਾਹ ਨੂੰ ਭੇਟ ਚੜ੍ਹਾਉਣ ਲਈ ਕੁਝ ਲੈ ਆਇਆ। ਹਾਬਲ ਵੀ ਇੱਜੜ ਦੇ ਪਹਿਲੌਠਿਆਂ ਨੂੰ ਅਤੇ ਉਨ੍ਹਾਂ ਦੀ ਚਰਬੀ ਵਿੱਚੋਂ ਕੁਝ ਲੈ ਆਇਆ, ਅਤੇ ਯਹੋਵਾਹ ਨੇ ਹਾਬਲ ਨੂੰ ਅਤੇ ਉਹ ਦੀ ਭੇਟ ਨੂੰ ਪਸੰਦ ਕੀਤਾ। ਪਰ ਕਾਇਨ ਅਤੇ ਉਹ ਦੀ ਭੇਟ ਨੂੰ ਪਸੰਦ ਨਾ ਕੀਤਾ, ਇਸ ਲਈ ਕਾਇਨ ਬਹੁਤ ਕ੍ਰੋਧਵਾਨ ਹੋਇਆ ਅਤੇ ਉਹ ਦਾ ਚਿਹਰਾ ਉਦਾਸ ਹੋ ਗਿਆ।



ਫੇਰ ਕਾਇਨ ਨੇ ਆਪਣੇ ਭਰਾ ਹਾਬਲ ਨੂੰ ਕੁਝ ਕਿਹਾ ਅਤੇ ਜਦ ਉਹ ਖੇਤ ਵਿੱਚ ਸਨ,
ਤਾਂ ਕਾਇਨ ਨੇ ਆਪਣੇ ਭਰਾ ਹਾਬਲ ਦੇ ਵਿਰੁੱਧ ਉੱਠ ਕੇ ਉਸ ਨੂੰ ਮਾਰ ਦਿੱਤਾ।



ਤਦ ਯਹੋਵਾਹ ਨੇ ਕਾਇਨ ਨੂੰ ਪੁੱਛਿਆ, ਤੇਰਾ ਭਰਾ ਹਾਬਲ ਕਿੱਥੇ ਹੈ? ਉਸ ਨੇ ਆਖਿਆ, ਮੈਂ ਨਹੀਂ ਜਾਣਦਾ। ਭਲਾ, ਮੈਂ ਆਪਣੇ ਭਰਾ ਦਾ ਰਾਖਾ ਹਾਂ? ਸੋ ਕਾਇਨ ਯਹੋਵਾਹ ਦੇ ਹਜ਼ੂਰੋਂ ਚੱਲਿਆ ਗਿਆ ਅਤੇ ਅਦਨ ਦੇ ਪੂਰਬ ਵੱਲ ਨੋਦ ਦੇਸ਼ ਵਿੱਚ ਜਾ ਕੇ ਵੱਸ ਗਿਆ।



ਆਦਮ ਨੇ ਫੇਰ ਆਪਣੀ ਪਤਨੀ ਨਾਲ ਸੰਗ ਕੀਤਾ ਅਤੇ ਉਸਨੇ ਪੁੱਤਰ ਨੂੰ
ਜਨਮ ਦਿੱਤਾ ਅਤੇ ਉਸ ਨੇ ਇਹ ਆਖ ਕੇ ਉਹ ਦਾ ਨਾਮ ਸੇਥ
ਰੱਖਿਆ ਕਿ ਪਰਮੇਸ਼ੁਰ ਨੇ ਮੈਨੂੰ ਹਾਬਲ ਦੀ ਥਾਂ ਇੱਕ ਹੋਰ
ਪੁੱਤਰ ਦਿੱਤਾ ਜਿਸ ਨੂੰ ਕਾਇਨ ਨੇ ਮਾਰ ਸੁੱਟਿਆ ਸੀ।



ਸੇਥ ਦੇ ਜੰਮਣ ਦੇ ਬਾਅਦ ਆਦਮ ਅੱਠ ਸੌ ਸਾਲ ਤੱਕ ਜੀਉਂਦਾ ਰਿਹਾ, ਅਤੇ ਉਸ ਤੋਂ ਹੋਰ ਵੀ ਪੁੱਤਰ ਧੀਆਂ ਜੰਮੇ। ਆਦਮ ਦੀ ਸਾਰੀ ਉਮਰ ਨੌ ਸੌ ਤੀਹ ਸਾਲਾਂ ਦੀ ਹੋਈ ਤਦ ਉਹ ਮਰ ਗਿਆ।



ਫੇਰ ਯਹੋਵਾਹ ਨੇ ਵੇਖਿਆ ਕਿ ਆਦਮੀ ਦੀ ਬੁਰਿਆਈ ਧਰਤੀ ਉੱਤੇ ਵੱਧ ਗਈ ਹੈ ਅਤੇ ਉਨ੍ਹਾਂ ਦੇ ਮਨ ਵਿੱਚ ਪੈਦਾ ਹੋਣ ਵਾਲਾ ਹਰੇਕ ਵਿਚਾਰ ਬੁਰਿਆਈ ਨਾਲ ਭਰਿਆ ਹੁੰਦਾ ਹੈ। ਤਦ ਯਹੋਵਾਹ ਨੇ ਆਖਿਆ, ਮੈਂ ਆਦਮੀ ਨੂੰ ਜਿਸ ਦੀ ਮੈਂ ਰਚਨਾ ਕੀਤੀ, ਹੈ, ਆਦਮੀ, ਡੰਗਰ, ਘਿੱਸਰਨ ਵਾਲੇ ਅਤੇ ਅਕਾਸ਼ ਦੇ ਪੰਛੀਆਂ ਨੂੰ ਵੀ ਧਰਤੀ ਦੇ ਉੱਤੋਂ ਮਿਟਾ ਦਿਆਂਗਾ, ਕਿਉਂ ਜੋ ਮੈਂ ਉਨ੍ਹਾਂ ਨੂੰ ਬਣਾ ਕੇ ਪਛਤਾਉਂਦਾ ਹਾਂ।

ਪਰ ਨੂਹ ਉੱਤੇ ਯਹੋਵਾਹ ਦੀ ਕਿਰਪਾ ਹੋਈ। ਨੂਹ ਦੇ ਤਿੰਨ
ਪੁੱਤਰ ਸਨ ਅਰਥਾਤ ਸ਼ੇਮ, ਹਾਮ ਅਤੇ ਯਾਫ਼ਥ।



ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ
ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ
ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ
ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ
ਜੀਵਨ ਪ੍ਰਾਪਤ ਕਰੇ।

ਰੋਮੀਆਂ 3:23 ਕਿਉਂਕਿ ਸਭਨਾਂ ਨੇ ਪਾਪ ਕੀਤਾ ਅਤੇ ਪਰਮੇਸ਼ੁਰ ਦੀ ਮਹਿਮਾ ਤੋਂ ਰਹਿਤ ਹਨ।

ਰੋਮੀਆਂ 6:23 ਕਿਉਂਕਿ ਪਾਪ ਦੀ ਮਜ਼ਦੂਰੀ ਤਾਂ ਮੌਤ ਹੈ, ਪਰ ਪਰਮੇਸ਼ੁਰ ਦਾ ਵਰਦਾਨ ਸਾਡੇ ਪ੍ਰਭੂ ਮਸੀਹ ਯਿਸੂ ਵਿੱਚ ਸਦੀਪਕ ਜੀਵਨ ਹੈ।

ਇਬਰਾਨੀ 9:27 ਅਤੇ ਜਿਵੇਂ ਮਨੁੱਖਾਂ ਲਈ ਇੱਕ ਵਾਰ ਮਰਨਾ ਠਹਿਰਾਇਆ ਹੋਇਆ ਹੈ ਅਤੇ ਉਹ ਦੇ ਪਿੱਛੋਂ ਨਿਆਂ ਹੁੰਦਾ ਹੈ।

ਅਫ਼ਸੀਆਂ 2:8,9 ਕਿਉਂ ਜੋ ਤੁਸੀਂ ਕਿਰਪਾ ਤੋਂ ਵਿਸ਼ਵਾਸ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ, ਇਹ ਪਰਮੇਸ਼ੁਰ ਦੀ ਦਾਤ ਹੈ!
ਇਹ ਕਰਮਾਂ ਤੋਂ ਨਹੀਂ ਅਜਿਹਾ ਨਾ ਹੋਵੇ ਕਿ ਕੋਈ ਘਮੰਡ ਕਰੇ!

ਰੋਮੀਆਂ 10:9,10 ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਦਿਲ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਹੈ, ਤਾਂ ਤੂੰ ਜ਼ਰੂਰ ਬਚਾਇਆ ਜਾਵੇਂਗਾ।
ਧਾਰਮਿਕਤਾ ਦੇ ਲਈ ਤਾਂ ਦਿਲ ਨਾਲ ਵਿਸ਼ਵਾਸ ਕੀਤਾ ਜਾਂਦਾ ਅਤੇ
ਮੁਕਤੀ ਲਈ ਮੂੰਹ ਨਾਲ ਇਕਰਾਰ ਕੀਤਾ ਜਾਂਦਾ ਹੈ।

ਯੂਹੰਨਾ 3:16,17 ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ ਜੀਵਨ ਪ੍ਰਾਪਤ ਕਰੇ।
ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਸੰਸਾਰ ਵਿੱਚ ਇਸ ਲਈ ਨਹੀਂ ਭੇਜਿਆ ਕਿ ਦੋਸ਼ੀ ਠਹਿਰਾਵੇ ਸਗੋਂ ਇਸ ਲਈ ਜੋ ਸੰਸਾਰ ਉਸ ਰਾਹੀਂ ਬਚਾਇਆ ਜਾਵੇ।

1 ਯੂਹੰਨਾ 5:11-13 ਅਤੇ ਉਹ ਗਵਾਹੀ ਇਹ ਹੈ ਕਿ ਪਰਮੇਸ਼ੁਰ ਨੇ ਸਾਨੂੰ ਸਦੀਪਕ ਜੀਵਨ ਦਿੱਤਾ ਅਤੇ ਇਹ ਜੀਵਨ ਉਹ ਦੇ ਪੁੱਤਰ ਦੇ ਵਿੱਚ ਹੈ।
ਜਿਸ ਦੇ ਕੋਲ ਪੁੱਤਰ ਹੈ, ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ੁਰ ਦਾ ਪੁੱਤਰ ਨਹੀਂ ਹੈ, ਉਹ ਦੇ ਕੋਲ ਜੀਵਨ ਵੀ ਨਹੀਂ।
ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਲਿਖੀਆਂ ਅਰਥਾਤ ਤੁਹਾਨੂੰ ਜਿਹੜੇ ਪਰਮੇਸ਼ੁਰ ਦੇ ਪੁੱਤਰ ਦੇ ਨਾਮ ਉੱਤੇ ਵਿਸ਼ਵਾਸ ਕਰਦੇ ਹੋ ਤਾਂ ਕਿ ਤੁਸੀਂ ਜਾਣੋ ਜੋ ਸਦੀਪਕ ਜੀਵਨ ਤੁਹਾਨੂੰ ਮਿਲਿਆ ਹੈ।

ਉਤ 3 – 6

Storyline by: Edward D. Hughes

Illustrated by: Byron Unger, Lazarus and Alastair Paterson

Adapted by: M. Maillot; Tammy S.

Panjabi, Eastern Bible (pan) PNB-IRV Creative Commons License Indian Revised Version (IRV) - Punjabi (ਭਾਰਤੀ ਸੋਧਿਆ ਹੋਇਆ ਸੰਸਕਰਣ - ਪੰਜਾਬੀ), 2019 by Bridge Connectivity Solutions Pvt. Ltd.

https://live.bible.is/bible/PANDPI/GEN/1

©2026 Bible for Children, Inc.
www.M1914.org www.bibleforchildren.org